ਵਲੋਂ

ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ,
(ਤਕਨੀਕੀ ਸਿੱਖਿਆ ਵਿੰਗ),
ਪਲਾਟ ਨੰ: 1-ਏ, ਸੈਕਟਰ 36, ਚੰਡੀਗੜ੍ਹ।

ਸੇਵਾ ਵਿਖੇ

ਪ੍ਰਿੰਸੀਪਲ/(ਸੈਂਕਸ਼ਨਿੰਗ ਅਥਾਰਟੀ)
ਸਰਕਾਰੀ ਬਹੁਤਕਨੀਕੀ ਕਾਲਜ,
ਰਜਿਸਟਰਾਰ

1. ਪੰਜਾਬ ਟੈਕਨੀਕਲ ਯੂਨੀਵਰਸਿਟੀ, ਜਲੰਧਰ
2. ਡਾ: ਬੀ.ਆਰ.ਅੰਬੇਦਕਰ, ਨੈਸ਼ਨਲ ਇੰਸਟੀਚਿਊਟ ਆਫ ਟੈਕਨੋਲੋਜੀ, ਜਲੰਧਰ
3. ਇੰਡੀਅਨ ਇੰਸਟੀਚਿਊਟ ਆਫ ਟੈਕਨੋਲੋਜੀ, ਰੋਪੜ
4. ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀ: ਐਂਡ ਟੈਕ:, ਲੌਂਗੋਵਾਲ, ਸੰਗਰੂਰ
5. ਥਾਪਰ ਯੂਨੀਵਰਸਿਟੀ, ਪਟਿਆਲਾ
6. ਨੈਸ਼ਨਲ ਇੰਸਟੀਚਿਊਟ ਆਫ ਫਾਰਮਾਸਿਉਟੀਕਲ ਐਜੂਕੇਸ਼ਨ ਐਂਡ ਰਿਸਰਚ, ਮੋਹਾਲੀ।

ਮੀਮੋ ਨੰ: 2138 ਮਿਤੀ: 29/11/13

ਵਿਸ਼ਾ: ਵੈੱਬ ਪੋਰਟਲ ਤੇ ਲਾਭਪਾਤਰੀ ਵਿਦਿਆਰਥੀਆਂ ਦੀਆਂ ਪ੍ਰਤੀ ਬੇਨਤੀਆਂ ਪੈਂਡਿੰਗ ਸ਼ੋਅ ਹੋਣ ਬਾਰੇ।

ਇਸ ਰਾਹੀਂ ਆਪ ਨੂੰ ਇਹ ਦੱਸਿਆ ਜਾਂਦਾ ਹੈ ਕਿ ਵਿਭਾਗ ਦੇ ਵੈੱਬ ਪੋਰਟਲ ਤੇ ਆਪ ਅਧੀਨ ਆਉਂਦੀਆਂ ਸੰਸਥਾਵਾਂ ਦੇ ਬਹੁਤ ਸਾਰੇ ਵਿਦਿਆਰਥੀਆਂ ਦੀਆਂ ਪ੍ਰਤੀ ਬੇਨਤੀਆਂ ਆਪ ਦੇ ਪੱਧਰ ਤੇ ਪੈਂਡਿੰਗ ਸ਼ੋਅ ਹੋ ਰਹੀਆਂ ਹਨ। ਆਪ ਨੂੰ ਇਹ ਦੱਸਿਆ ਜਾਂਦਾ ਹੈ ਸੰਸਥਾਵਾਂ ਵਲੋਂ ਸੈਂਕਸ਼ਨਿੰਗ ਅਥਾਰਟੀਆਂ ਨੂੰ ਇਸ ਸਬੰਧ ਵਿੱਚ ਕੇਸ ਭੇਜਣ ਦੀ ਆਖਰੀ ਮਿਤੀ 20.11.2013 ਤੱਕ ਮਿਥੀ ਗਈ ਸੀ, ਉਸ ਉਪਰੰਤ ਆਪ ਵਲੋਂ ਲਾਈਨ ਵਿਭਾਗ ਨੂੰ ਮਿਤੀ 30.11.2013 ਤੱਕ ਭੇਜੀਆਂ ਜਾਣੀਆਂ ਹਨ।ਇਸ ਸਬੰਧ ਵਿੱਚ ਅਜੇ ਤੱਕ 52000 ਵਿਦਿਆਰਥੀਆਂ ਵਿੱਚੋਂ ਕੇਵਲ 5600 ਵਿਦਿਆਰਥੀਆਂ ਦੀਆਂ ਪ੍ਰਤੀ ਬੇਨਤੀਆਂ ਹੀ ਵੈੱਬ ਪੋਰਟਲ ਤੇ ਸ਼ੋਅ ਹੋ ਰਹੀਆਂ ਹਨ। ਇਸ ਗੱਲ ਦਾ ਮਾਨਯੋਗ ਡਾਇਰੈਕਟਰ ਸਾਹਿਬ ਜੀ ਵਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਲਈ ਆਪ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵਿਦਿਆਰਥੀਆਂ ਦੀਆਂ ਪ੍ਰਤੀ ਬੇਨਤੀਆਂ ਨੂੰ ਵੈੱਬ ਪੋਰਟਲ ਤੇ ਪਾਉਣ ਸਬੰਧੀ ਵਿਦਿਆਰਥੀਆਂ ਦੀਆਂ ਪੂਰੀਆਂ ਯੋਗਤਾਵਾਂ ਅਤੇ ਕੋਰਸਾਂ ਆਦਿ ਨੂੰ ਚੰਗੀ ਤਰ੍ਹਾਂ ਘੋਖਣ ਉਪਰੰਤ ਕਾਰਵਾਈ ਜਲਦ ਤੋਂ ਜਲਦ ਕਰਦੇ ਹੋਏ ਕੇਸ ਲਾਈਨ ਵਿਭਾਗ ਨੂੰ ਭੇਜੇ ਜਾਣ ਅਤੇ ਇਹ ਤਸਦੀਕ ਕੀਤਾ ਜਾਵੇ ਕਿ ਐਸ.ਸੀ./ਓ.ਬੀ.ਸੀ. ਦਾ ਕੋਈ ਵੀ ਯੋਗ ਵਿਦਿਆਰਥੀ ਅਪਲਾਈ ਕਰਨ ਤੋਂ ਬਾਝਾਂ ਨਹੀਂ ਰਹਿ ਗਿਆ।

ਡਿਪਟੀ ਡਾਇਰੈਕਟਰ,
ਵਾ: ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਡਾਇਰੈਕਟਰ, ਅਨੁਸੂਚਿਤ ਜਾਤੀਆਂ ਅਤੇ ਪਛੜੀਆਂ ਸ਼੍ਰੇਣੀਆਂ ਭਲਾਈ ਵਿਭਾਗ, ਐਸ.ਸੀ.ਓ. ਨੰ: 128-129, ਸੈਕਟਰ 34-ਏ, ਚੰਡੀਗੜ ਨੂੰ ਸੂਚਨਾ ਹਿੱਤ।
2. ਪ੍ਰੋਗਰਾਮਰ, ਮੁੱਖ ਦਫਤਰ ਨੂੰ ਪੱਤਰ ਵਿਭਾਗ ਦੀ ਵੈੱਬ ਸਾਈਟ ਤੇ ਪਾਉਣ ਲਈ।

ਡਿਪਟੀ ਡਾਇਰੈਕਟਰ,
ਵਾ: ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ।